# ਹੜ੍ਹਾਂ ਤੋਂ ਬਾਅਦ ਪਸ਼ੂਆਂ ਦੀ ਸਿਹਤ ਸੰਭਾਲ ਲਈ ਸਿਫ਼ਾਰਿਸ਼ਾਂ

ਪੰਜਾਬ ਦੇ ਕਈ ਇਲਾਕਿਆਂ ਵਿੱਚ ਲਗਾਤਾਰ ਮੀਂਹ ਪੈਣ ਕਾਰਨ ਹੜ੍ਹ ਦੀ ਸਥਿਤੀ ਬਣੀ ਹੋਈ ਹੈ ਜਿਸ ਕਾਰਨ ਪਸ਼ੂਧਨ ਲਈ ਵੀ ਮੁਸ਼ਕਿਲ ਹਲਾਤ ਉਤਪੰਨ ਹੋ ਗਏ ਹਨ। ਮੀਂਹ ਅਤੇ ਹੜ੍ਹ ਦੇ ਪਾਣੀ ਕਾਰਨ ਪਸ਼ੂਆਂ ਨੂੰ ਛੂਤ ਅਤੇ ਪਰਜੀਵੀ ਰੋਗਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਹੜ੍ਹ ਦੇ ਪਾਣੀ ਕਾਰਨ ਹਵਾ ਵਿੱਚ ਨਮੀ ਦਾ ਪੱਧਰ ਵਧ ਜਾਂਦਾ ਹੈ ਜਿਸ ਕਰਕੇ ਮੱਛਰ, ਮੱਖੀਆਂ, ਜੋਕਾਂ ਅਤੇ ਚਿੱਚੜਾਂ ਸਮੇਤ ਪਸ਼ੂਆਂ ਦੇ ਪਰਜੀਵੀਆਂ ਦੀ ਗਿਣਤੀ ਵਧ ਜਾਂਦੀ ਹੈ। ਮੱਖੀਆਂ ਅਤੇ ਮੱਛਰਾਂ ਦੀ ਭਰਮਾਰ ਕਾਰਨ ਲੰਗੜਾ ਬੁਖਾਰ ਅਤੇ ਕੀਟਾਂ ਰਾਹੀਂ ਫ਼ੈਲਣ ਵਾਲੀਆਂ ਬਿਮਾਰੀਆਂ ਹੋ ਸਕਦੀਆਂ ਹਨ। ਇਹਨਾਂ ਦੀ ਰੋਕਥਾਮ ਲਈ ਪੁਖਤਾ ਇੰਤਜ਼ਾਮ ਕਰਨ ਦੀ ਲੋੜ ਹੈ। ਚਿੱਚੜਾਂ ਕਾਰਨ ਪਸ਼ੂਆਂ ਵਿੱਚ ਚਿਚੜੀ ਰੋਗ ਦੇ ਵਧਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਪਸ਼ੂਆਂ ਦੇ ਵਾੜਿਆਂ ਵਿੱਚ ਚਿੱਚੜਾਂ 'ਤੇ ਕਾਬੂ ਪਾਉਣ ਲਈ ਸ਼ੈੱਡ ਦੀ ਫ਼ਰਸ਼ ਅਤੇ ਕੰਧਾਂ ਵਿੱਚ ਬਣੀਆਂ ਤਰੇੜਾਂ ਜਾਂ ਵਿਰਲਾਂ ਨੂੰ ਭਰ ਕੇ ਪਸ਼ੂਆਂ ਦੇ ਮਾਹਿਰਾਂ ਦੀ ਸਲਾਹ ਨਾਲ ਸਿਫ਼ਾਰਸ਼ ਦਵਾਈਆਂ ਦਾ ਛਿੜਕਾਅ ਕਰਨਾ ਚਾਹੀਦਾ ਹੈ।

ਹੜ੍ਹ ਵਾਲਾ ਪਾਣੀ ਸੈਲਮੋਨੈਲਾ, ਈ ਕੋਲਾਈ, ਕਲੌਸਟ੍ਰੀਡੀਅਮ ਅਤੇ ਲੈਪਟੋਸਪਾਇਰਾ ਵਰਗੇ ਖਤਰਨਾਕ ਕਿਟਾਣੂਆਂ ਨਾਲ ਦੂਸ਼ਿਤ ਹੋ ਸਕਦਾ ਹੈ। ਦੂਸ਼ਿਤ ਪਾਣੀ ਰਾਹੀਂ ਪਸ਼ੂਆਂ ਦੇ ਪੇਟ ਦੇ ਪਰਜੀਵੀ ਵੀ ਫ਼ੈਲ ਸਕਦੇ ਹਨ ਜਿਹਨਾਂ ਕਰਕੇ ਪਸ਼ੂਆਂ ਵਿੱਚ ਪੀਲੀਆ ਅਤੇ ਮੋਕ ਵਰਗੇ ਲੱਛਣ ਵੇਖਣ ਨੂੰ ਮਿਲ ਸਕਦੇ ਹਨ। ਇਸਲਈ ਪਸ਼ੂਆਂ ਨੂੰ ਖੜ੍ਹੇ ਪਾਣੀ ਤੋਂ ਦੂਰ ਰੱਖੋ ਅਤੇ ਕਿਰਮ ਰਹਿਤ ਕਰੋ।

ਗਿੱਲ ਵਿੱਚ ਖੜ੍ਹੇ ਰਹਿਣ ਕਾਰਨ ਪਸ਼ੂਆਂ ਦੇ ਖੁਰਾਂ ਦਾ ਗਲਣਾ ਸ਼ੁਰੂ ਹੋ ਜਾਂਦਾ ਹੈ ਜਿਸ ਨਾਲ ਪਸ਼ੂ ਲੰਗੜਾ ਹੋ ਸਕਦਾ ਹੈ। ਪਸ਼ੂਆਂ ਦਿਆਂ ਖੁਰਾਂ ਨੂੰ 5 ਪ੍ਰਤੀਸ਼ਤ ਫ਼ਾਰਮਾਲਿਨ ਦੇ ਘੋਲ ਵਿੱਚ ਡੋਬਾ ਦੇਣ ਨਾਲ ਖੁਰਾਂ ਦਾ ਗਲਣ ਨੂੰ ਰੋਕਿਆ ਜਾ ਸਕਦਾ ਹੈ। ਵਾੜਿਆਂ ਵਿੱਚ ਨਮੀ ਵਧਣ ਕਾਰਨ ਪਸ਼ੂਆਂ ਨੂੰ ਗਲਘੋਟੂ ਦੀ ਬਿਮਾਰੀ ਅਤੇ ਥਨੈਲਾ ਰੋਗ ਵੀ ਹੋ ਸਕਦਾ ਹੈ। ਦੁੱਧ ਦੀ ਚੁਆਈ ਤੋਂ ਬਾਅਦ ਥਣਾਂ ਨੂੰ ਬੀਟਾਡੀਨ ਅਤੇ ਗਲਿਸਰੀਨ ਦੇ 3:1 ਹਿੱਸਿਆਂ ਦੇ ਘੋਲ ਵਿੱਚ ਡੋਬਾ ਦੇਣਾ ਚਾਹੀਦਾ ਹੈ।ਲੰਪੀ ਚਮੜੀ ਰੋਗ ਅਤੇ ਗਲਘੋਟੂ ਤੋਂ ਬਚਾਉਣ ਲਈ ਪਸ਼ੂਆਂ ਦਾ ਟੀਕਾਕਰਨ ਕਰਵਾਉਣਾ ਜ਼ਰੂਰੀ ਹੈ।

ਵਾਤਾਵਰਨ ਵਿਚਲੀ ਸਿੱਲ੍ਹ ਕਾਰਨ ਪਸ਼ੂਆਂ ਦੀ ਫ਼ੀਡ ਅਤੇ ਤੂੜੀ ਆਦਿ ਨੂੰ ਉੱਲੀ ਲੱਗ ਸਕਦੀ ਹੈ ਜਿਸ ਕਾਰਨ ਪਸ਼ੂ ਜ਼ਹਿਰਵਾਦ ਦਾ ਸ਼ਿਕਾਰ ਹੋ ਸਕਦੇ ਹਨ। ਪਸ਼ੂਆਂ ਦੀ ਖੁਰਾਕ ਨੂੰ ਸਿੱਲ੍ਹ ਤੋਂ ਬਚਾਉਣ ਲਈ ਵੀ ਉਪਰਾਲੇ ਕਰਨੇ ਚਾਹੀਦੇ ਹਨ। ਪੱਠੇ ਅਤੇ ਖੁਰਾਕ ਦੀ ਕਮੀ ਕਾਰਨ ਪਸ਼ੂਆਂ ਦਾ ਰੱਖਿਆ ਤੰਤਰ ਕਮਜ਼ੋਰ ਪੈ ਸਕਦਾ ਹੈ। ਵਿਟਾਮਿਨ ਦੀ ਖੁਰਾਕ ਅਤੇ ਧਾਤਾਂ ਦੇ ਚੂਰੇ ਦੀ ਵਰਤੋਂ ਨਾਲ ਪਸ਼ੂਆਂ ਦੀ ਰੋਗਾਂ ਨਾਲ ਲੜਨ ਦੀ ਤਾਕਤ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ।


ਨਿਰਦੇਸ਼ਾਲਾ ਪਸਾਰ ਸਿੱਖਿਆ

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ